# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ : 16-10-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ**

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦੁਹਰਾਇਆ ਏ ਕਿ ਸਰਕਾਰ ਨੇ ਭ੍ਰਿਸ਼ਟਾਚਾਰ, ਅਪਰਾਧ ਅਤੇ ਦਹਿਸ਼ਤਗਰਦੀ ਨੂੰ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਅਪਣਾਈ ਏ।

- ਉੱਘੇ ਸਨਅਤਕਾਰ, ਰਾਜਿੰਦਰ ਗੁਪਤਾ ਨੂੰ ਪੰਜਾਬ ਤੋਂ ਰਾਜ ਸਭਾ ਲਈ ਬਿਨਾਂ ਮੁਕਾਬਲਾ ਚੁਣ ਲਿਆ ਗਿਆ ਏ.

- CBI ਨੇ ਕਥਿਤ ਭ੍ਰਿਸ਼ਟਾਚਾਰ ਮਾਮਲੇ ਵਿੱਚ ਪੰਜਾਬ ਪੁਲਿਸ ਦੇ ਰੋਪੜ ਰੇਂਜ ਦੇ DIG ਹਰਚਰਨ ਸਿੰਘ ਭੁੱਲਰ ਨੂੰ ਮੋਹਾਲੀ ਤੋਂ ਗ੍ਰਿਫ਼ਤਾਰ ਕਰ ਲਿਆ ਏ।

- ਅੱਜ ਵਿਸ਼ਵ ਖੁਰਾਕ ਦਿਵਸ ਮਨਾਇਆ ਜਾ ਰਿਹਾ ਏ.

- ਪੰਜਾਬ ਦੇ ਮੰਤਰੀ ਮੋਹਿੰਦਰ ਭਗਤ ਨੇ ਅੱਜ 69 ਵੀਆਂ ਪੰਜਾਬ ਸਕੂਲ ਖੇਡਾਂ ਦੇ ਸ਼ਤਰੰਜ ਅਤੇ ਕੁਰਾਸ਼ ਦੇ ਰਾਜ ਪੱਧਰੀ ਮੁਕਾਬਲਿਆਂ ਦੀ ਸ਼ੁਰੂਆਤ ਕੀਤੀ।

## <u>ਹੁਣ ਖਬਰਾਂ ਵਿਸਥਾਰ ਨਾਲ</u>

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦੁਹਰਾਇਆ ਏ ਕਿ ਸਰਕਾਰ ਨੇ ਭ੍ਰਿਸ਼ਟਾਚਾਰ, ਅਪਰਾਧ ਅਤੇ ਦਹਿਸ਼ਤਗਰਦੀ ਨੂੰ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਅਪਣਾਈ ਏ। ਉਹ ਅੱਜ ਨਵੀਂ ਦਿੱਲੀ ਵਿੱਚ ਭਗੌੜਿਆਂ ਦੀ ਹਵਾਲਗੀ-ਚੁਣੌਤੀਆਂ ਅਤੇ ਰਣਨੀਤੀਆਂ ਕਾਨਫਰੰਸ ਦਾ ਉਦਘਾਟਨ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਸ੍ਰੀ ਸ਼ਾਹ ਨੇ ਕਿਹਾ ਕਿ, ਸਾਰੇ ਅਪਰਾਧੀਆਂ ਨੂੰ ਕਾਨੂੰਨ ਦੇ ਦਾਇਰੇ ਵਿੱਚ ਲਿਆਉਣ ਨੂੰ ਯਕੀਨੀ ਬਣਾਉਣ ਲਈ ਇੱਕ ਮਜ਼ਬੂਤ ਵਿਧੀ ਵਿਕਸਤ ਕੀਤੀ ਜਾ ਰਹੀ ਏ। ਉਨ੍ਹਾਂ ਕਿਹਾ ਕਿ, ਹਰ ਭਗੌੜੇ ਨਾਲ ਬੇਰਹਿਮ ਪਹੁੰਚ ਅਪਣਾਈ ਜਾਣੀ ਚਾਹੀਦੀ ਏ ਅਤੇ ਉਨ੍ਹਾਂ ਨੂੰ ਦੇਸ਼ ਦੇ ਅਦਾਲਤੀ ਸਿਲਸਿਲੇ ਸਾਹਮਣੇ ਲਿਆਉਣਾ ਚਾਹੀਦਾ ਏ -

byte

ਮੰਤਰੀ ਨੇ ਕਿਹਾ ਕਿ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਸਰਹੱਦਾਂ ਦੀ ਰਾਖੀ ਦੇ ਨਾਲ-ਨਾਲ ਕਾਨੂੰਨ ਦੇ ਨੇਮ ਨੂੰ ਮਜ਼ਬੂਤ ਕਰਨ ਲਈ ਇੱਕ ਮਜ਼ਬੂਤ ਭਾਰਤ ਅੱਗੇ ਵਧ ਰਿਹਾ ਏ। ਮੰਤਰੀ ਨੇ ਸੁਝਾਅ ਦਿੱਤਾ ਕਿ ਹਰੇਕ ਰਾਜ ਨੂੰ CBI ਦੇ ਸਹਿਯੋਗ ਨਾਲ ਇੱਕ ਯੂਨਿਟ ਕਾਇਮ ਕਰਨੀ ਚਾਹੀਦੀ ਏ, ਜੋ ਆਪਣੇ ਰਾਜ ਤੋਂ ਭੱਜੇ ਭਗੌੜਿਆਂ ਨੂੰ ਵਾਪਸ ਲਿਆਉਣ ਲਈ ਇੱਕ ਵਿਧੀ ਕਾਇਮ ਕਰੇਗੀ। ਸ਼੍ਰੀ ਸ਼ਾਹ ਨੇ ਕਿਹਾ ਕਿ CBI ਨੇ ਅੰਤਰਰਾਸ਼ਟਰੀ ਪੱਧਰ 'ਤੇ ਭਗੌੜਿਆਂ ਨੂੰ ਫੜਨ ਲਈ ਇੱਕ ਵਿਸ਼ੇਸ਼ ਆਲਮੀ ਆਪ੍ਰੇਸ਼ਨ ਸੈਂਟਰ ਕਾਇਮ ਕੀਤਾ ਏ, ਜੋ ਦੁਨੀਆ ਭਰ ਦੀ ਪੁਲਿਸ ਨਾਲ ਅਸਲ ਸਮੇਂ ਵਿੱਚ ਤਾਲਮੇਲ ਕਰਦਾ ਏ.ਇਹ ਦੋ-ਰੋਜ਼ਾ ਕਾਨਫਰੰਸ ਕੇਂਦਰੀ ਜਾਂਚ ਬਿਊਰੋ ਵਲੋਂ ਕਰਾਈ ਜਾ ਰਹੀ ਏ.

----------------------------------------------------

ਉੱਘੇ ਸਨਅਤਕਾਰ, ਰਾਜਿੰਦਰ ਗੁਪਤਾ ਨੂੰ ਪੰਜਾਬ ਤੋਂ ਰਾਜ ਸਭਾ ਲਈ ਬਿਨਾਂ ਮੁਕਾਬਲਾ ਚੁਣੇ ਜਾਣ ਦਾ ਐਲਾਨ ਕੀਤਾ ਗਿਆ ਏ. ਅੱਜ, ਨਾਮਜ਼ਦਗੀਆਂ ਵਾਪਿਸ ਲੈਣ ਦਾ ਅਮਲ ਖਤਮ ਹੋਣ ਤੋਂ ਬਾਅਦ ਓਹਨਾਂ ਨੂੰ ਬਿਨਾ ਮੁਕਾਬਲਾ ਚੁਣਿਆ ਗਿਆ ਐਲਾਨਿਆ ਗਿਆ. ਪੰਜਾਬ ਵਿਧਾਨ ਸਭਾ ਦੇ ਸਕੱਤਰ-ਕਮ-ਰਿਟਰਨਿੰਗ ਅਫ਼ਸਰ ਸ਼੍ਰੀ ਰਾਮ ਲੋਕ ਖਟਾਨਾ ਨੇ ਸ਼੍ਰੀ ਰਜਿੰਦਰ ਗੁਪਤਾ, ਨੂੰ ਚੋਣ ਸਰਟੀਫਿਕੇਟ ਸੌਂਪਿਆ। ਇਹ ਸਰਟੀਫਿਕੇਟ ਉਨ੍ਹਾਂ ਨੂੰ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ

ਸਿੰਘ ਸੰਧਵਾਂ ਦੀ ਮੌਜੂਦਗੀ ਵਿੱਚ ਦਿੱਤਾ ਗਿਆ। ਇਸ ਮੌਕੇ ਸ੍ਰੀ ਰਜਿੰਦਰ ਗੁਪਤਾ ਦੇ ਨਾਲ ਉਨ੍ਹਾਂ ਦੀ ਪਤਨੀ ਮਧੂ ਗੁਪਤਾ ਵੀ ਮੌਜੂਦ ਸਨ।

-----------------------------------------------------------

ਕੇਂਦਰੀ ਜਾਂਚ ਬਿਊਰੋ (CBI) ਨੇ ਕਥਿਤ ਤੌਰ 'ਤੇ ਭ੍ਰਿਸ਼ਟਾਚਾਰ ਦੇ ਇੱਕ ਮਾਮਲੇ ਵਿੱਚ ਪੰਜਾਬ ਪੁਲਿਸ ਦੇ ਰੋਪੜ ਰੇਂਜ ਦੇ ਡਿਪਟੀ ਇੰਸਪੈਕਟਰ ਜਨਰਲ (DIG) ਹਰਚਰਨ ਸਿੰਘ ਭੁੱਲਰ ਨੂੰ ਮੋਹਾਲੀ ਤੋਂ ਗ੍ਰਿਫ਼ਤਾਰ ਕਰ ਲਿਆ ਏ । ਸੀਨੀਅਰ IPS ਅਧਿਕਾਰੀ ਨੂੰ ਫਤਿਹਗੜ੍ਹ ਸਾਹਿਬ ਦੇ ਇੱਕ ਸਕ੍ਰੈਪ ਡੀਲਰ ਦੀ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਏ । ਹਾਲਾਂਕਿ, ਸੀਬੀਆਈ ਨੇ ਅਜੇ ਤੱਕ ਅਧਿਕਾਰਤ ਤੌਰ 'ਤੇ ਉਸਦੀ ਗ੍ਰਿਫ਼ਤਾਰੀ ਦਾ ਐਲਾਨ ਨਹੀਂ ਕੀਤਾ ਏ ।

-----------------------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਏ ਕਿ, ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਵਿੱਚ ਕਿਸਾਨਾਂ ਵੱਲੋਂ ਵੇਚਣ ਲਈ ਲਿਆਂਦੀ ਜਾ ਰਹੀ ਝੋਨੇ ਦੀ ਫ਼ਸਲ, ਸੁਚਾਰੂ ਤੇ ਨਿਰਵਿਘਨ ਢੰਗ ਨਾਲ ਖਰੀਦੀ ਜਾ ਰਹੀ ਏ। ਉਨ੍ਹਾਂ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਦੀਆਂ ਮੰਡੀਆਂ 'ਚ 3 ਲੱਖ 93 ਹਜ਼ਾਰ 462 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਏ ਅਤੇ ਇਸ 'ਚੋਂ 3 ਲੱਖ 83 ਹਜ਼ਾਰ 108 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਏ, ਜਿਸ ਲਈ ਕਿਸਾਨਾਂ ਨੂੰ 100 ਫੀਸਦੀ ਖਰੀਦ ਦੀ

843 ਕਰੋੜ ਰੁਪਏ ਦੀ ਅਦਾਇਗੀ ਕਰ ਦਿੱਤੀ ਗਈ ਏ। ਝੋਨੇ ਦੀ ਖਰੀਦ ਪ੍ਰਕ੍ਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਵੱਖ-ਵੱਖ ਖਰੀਦ ਏਜੰਸੀਆਂ ਤੇ ਅਧਿਕਾਰੀਆਂ ਨਾਲ ਜਾਇਜ਼ਾ ਬੈਠਕ ਕਰਦਿਆਂ, ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਦਿਵਾਲੀ ਤੋਂ ਪਹਿਲਾਂ-ਪਹਿਲਾਂ, ਸਾਰੀਆਂ ਮੰਡੀਆਂ ਵਿੱਚ ਖਰੀਦੀ ਜਿਣਸ ਦੀ ਲਿਫਟਿੰਗ ਪੂਰੀ ਤਰ੍ਹਾਂ ਯਕੀਨੀ ਬਣਾਈ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ, ਦਿਵਾਲੀ ਦੇ ਤਿਉਹਾਰ ਮੌਕੇ, ਕੋਈ ਵੀ ਕਿਸਾਨ ਮੰਡੀਆਂ ਵਿੱਚ ਬੈਠਾ ਨਹੀਂ ਹੋਣਾ ਚਾਹੀਦਾ। ਡਾ. ਪ੍ਰੀਤੀ ਯਾਦਵ ਨੇ ਕਿਸਾਨਾਂ ਨੂੰ ਵੀ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈਕੇ ਆਉਣ ਅਤੇ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ।

---

**BREAK**

**ਇਹ ਖਬਰਾਂ ਤੁਸੀਂ ਅਕਾਸ਼ਵਾਣੀ ਤੋਂ ਸੁਣ ਰਹੇ ਓ ।**

**>ਸਾਡਾ X ਹੈਂਡਲ ਏ**

**AT THE RATE AIR RNU JALANDHAR**

**>ਸਾਡਾ FACEBOOK PAGE ਏ -**

**RNU HYPHEN AIR JALANDHAR**

**ਅਤੇ**

**>YOUTUBE ਤੇ ਸਾਡਾ CHANNEL ਏ -**

**AT THE RATE AIR JALANDHAR**

\------------------------------------------------------------

ਅੱਜ ਵਿਸ਼ਵ ਖੁਰਾਕ ਦਿਵਸ ਏ. ਇਸ ਮੌਕੇ ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਕਾਲਜ ਆਫ ਡੇਅਰੀ ਅਤੇ ਫੂਡ ਸਾਇੰਸ ਤਕਨਾਲੋਜੀ ਵਿਖੇ ਵਿਸ਼ੇਸ਼ ਪ੍ਰੋਗ੍ਰਾਮ ਹੋਇਆ. 16 ਅਕਤੂਬਰ ਨੂੰ ਆਲਮੀ ਪੱਧਰ ’ਤੇ ਮਨਾਏ ਜਾਣ ਵਾਲੇ ਇਸ ਦਿਵਸ ਲਈ ਕਾਲਜ ਵੱਲੋਂ ਵਿਸ਼ਾ ਰੱਖਿਆ ਗਿਆ ਸੀ ‘ਦੁੱਧ ਅਤੇ ਮੂਲ ਅਨਾਜ: ਪੌਸ਼ਟਿਕਤਾ ਦੇ ਸ਼ਕਤੀ ਸੋਮੇ’। ਇਸ ਸਮਾਰੋਹ ਵਿੱਚ ਡਾ. ਸਤਿਬੀਰ ਸਿੰਘ ਗੋਸਲ, ਉਪ-ਕੁਲਪਤੀ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਮੁੱਖ ਮਹਿਮਾਨ ਵਜੋਂ ਅਤੇ ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਪਤਵੰਤੇ ਮਹਿਮਾਨ ਵਜੋਂ ਸ਼ਿਰਕਤ ਕੀਤੀ. ਡਾ. ਰਵਿੰਦਰ ਸਿੰਘ ਗਰੇਵਾਲ, ਨਿਰਦੇਸ਼ਕ ਪਸਾਰ ਸਿੱਖਿਆ ਅਤੇ ਯੂਨੀਵਰਸਿਟੀ ਦੇ ਹੋਰ ਅਧਿਕਾਰੀਆਂ ਨੇ ਵੀ ਇਸ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਦੁੱਧ ਅਤੇ ਦੁੱਧ ਆਧਾਰਿਤ ਉਤਪਾਦਾਂ ਦੀ ਨੁਮਾਇਸ਼ ਵੀ ਲਾਈ ਗਈ. ਕਪੂਰਥਲਾ ਸਥਿਤ I K GUJRAL PUNJAB TECHNICAL UNIVERSITY ਵਲੋਂ ਵੀ,

ਖੇਤੀਬਾੜੀ ਅਤੇ ਡੱਬਾ ਬੰਦ ਖੁਰਾਕੀ ਵਸਤਾਂ ਦੀ ਬਰਾਮਦ ਵਿਕਾਸ ਬਾਰੇ ਅਥਾਰਟੀ,ਪੰਜਾਬ ਫੂਡ ਕਮਿਸ਼ਨ ਦੇ ਸਹਿਯੋਗ ਨਾਲ ਵਿਸ਼ਵ ਖੁਰਾਕ ਦਿਵਸ ਮਨਾਇਆ ਗਿਆ. ਇਸ ਮੌਕੇ ਬੋਲਦਿਆਂ ਪੰਜਾਬ ਖੁਰਾਕ ਕਮਿਸ਼ਨ ਦੇ CHAIRMAN, BAL MUKUND SHARMA ਨੇ ਕਿਹਾ ਕਿ ਪੰਜਾਬ ਨੇ ਦੇਸ਼ ਦੀ ਖੁਰਾਕ ਸੁਰਖਿਆ ਲਈ ਬਹੁਤ ਕੰਮ ਕੀਤਾ ਏ ਹਾਲਾਂਕਿ ਹੋਰ ਬਿਹਤਰ ਗੁਣਵਤਾ ਵਾਲਾ ਭੋਜਨ, ਸਮੇਂ ਦੀ ਲੋੜ ਏ. ਓਹਨਾਂ ਸਿਹਤਮੰਦ ਜੀਵਨਜਾਚ ਸੰਬੰਧੀ ਭੋਜਨ ‘ਚ ਕੀਤੇ ਜਾਣ ਵਾਲੇ ਬਦਲਾਅ ਦੀ ਵੀ ਸਲਾਹ ਦਿੱਤੀ

byte

---------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ 355ਵੇਂ ਜਨਮ ਦਿਹਾੜੇ ਮੌਕੇ ਪੰਜਾਬ ਵਿਧਾਨ ਸਭਾ ਸਕੱਤਰੇਤ ਵਿਖੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਉਨ੍ਹਾਂ ਦੇ ਨਾਲ ਹੋਰ ਪਤਵੰਤੇ ਵੀ ਮੌਜੂਦ ਸਨ। ਇਸ ਮੌਕੇ ਸ਼੍ਰੀ ਸੰਧਵਾਂ ਨੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਇੱਕ ਮਹਾਨ ਯੋਧੇ ਸਨ ਜਿਨ੍ਹਾਂ ਨੇ ਆਪਣਾ ਸਮੁੱਚਾ ਜੀਵਨ ਮਨੁੱਖਤਾ ਦੀ ਭਲਾਈ ਲਈ ਸਮਰਪਿਤ ਕਰ ਦਿੱਤਾ। ਬਾਬਾ ਬੰਦਾ ਸਿੰਘ ਬਹਾਦਰ ਜੀ ਨੇ ਜ਼ਿਮੀਂਦਾਰੀ ਪ੍ਰਣਾਲੀ ਨੂੰ ਖਤਮ ਕੀਤਾ ਅਤੇ ਜ਼ਮੀਨ ਵਾਹੁਣ ਵਾਲਿਆਂ ਨੂੰ ਮਾਲਕੀ ਅਧਿਕਾਰ

ਪ੍ਰਦਾਨ ਕੀਤੇ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਦੀਆਂ ਯਾਦਾਂ ਹਮੇਸ਼ਾ ਸਾਡੇ ਦਿਲਾਂ ਵਿੱਚ ਰਹਿਣਗੀਆਂ ਅਤੇ ਸਾਨੂੰ ਉਨ੍ਹਾਂ ਵੱਲੋਂ ਦਿਖਾਏ ਗਏ ਮਾਰਗ 'ਤੇ ਚੱਲਣਾ ਚਾਹੀਦਾ ਏ।

---------------------------------------------------------------

ਅੰਮ੍ਰਿਤਸਰ ਵਿੱਚ, ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਜੋਨਲ ਯੂਥ ਫੈਸਟੀਵਲ ਅੱਜ ਜ਼ੋਸ਼ੋ-ਖਰੋਸ਼ ਨਾਲ ਸ਼ੁਰੂ ਹੋਇਆ। ਇਹ ਤਿੰਨ ਦਿਨਾਂ ਪ੍ਰੋਗਰਾਮ ਯੂਨੀਵਰਸਿਟੀ ਦੇ ਯੂਥ ਵੈੱਲਫੇਅਰ ਵਿਭਾਗ ਵੱਲੋਂ ਕਰਵਾਇਆ ਜਾ ਰਿਹਾ ਏ। ਪ੍ਰੋਗਰਾਮ ਦਾ ਉਦਘਾਟਨ ਰਜਿਸਟਰਾਰ ਪ੍ਰੋਫੈਸਰ, ਕੇ. ਐਸ. ਚਾਹਲ ਨੇ ਕੀਤਾ। ਯੂਥ ਵੈੱਲਫੇਅਰ ਵਿਭਾਗ ਦੇ ਇੰਚਾਰਜ ਪ੍ਰੋ. (ਡਾ.) ਅਮਨਦੀਪ ਸਿੰਘ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ, ਫੈਸਟੀਵਲ ਦੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ। ਆਪਣੇ ਸੰਬੋਧਨ ਵਿੱਚ, ਪ੍ਰੋ. ਚਾਹਲ ਨੇ ਵਿਦਿਆਰਥੀਆਂ ਨੂੰ ਮੁਕਾਬਲਿਆਂ ਵਿੱਚ ਪੂਰੇ ਜੋਸ਼ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ, ਜਿੱਤ ਜਾਂ ਹਾਰ ਨਾਲੋਂ ਹਿੱਸਾ ਲੈਣਾ ਅਤੇ ਟੀਮ ਵਰਕ ਦੀ ਭਾਵਨਾ ਜ਼ਿਆਦਾ ਮਹੱਤਵਪੂਰਨ ਏ। ਫੈਸਟੀਵਲ ਦੀ ਸ਼ੁਰੂਆਤ ਭੰਗੜੇ ਦੀ ਧੁਨ ਨਾਲ ਹੋਈ, ਜਿਸ ਨੇ ਪੂਰੇ ਮਾਹੌਲ ਨੂੰ ਜੋਸ਼ ਨਾਲ ਭਰ ਦਿੱਤਾ। ਪਹਿਲੇ ਦਿਨ ਭੰਗੜਾ, ਕਲਾਸੀਕਲ ਡਾਂਸ, ਵੈਸਟਰਨ ਵੋਕਲ ਸੋਲੋ ਅਤੇ ਕਲਾਸੀਕਲ ਇੰਸਟਰੂਮੈਂਟਲ ਮੁਕਾਬਲੇ ਕਰਵਾਏ ਗਏ।

--------------------------------------------------------

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਅਤੇ ਹਲਕਾ ਕਰਤਾਰਪੁਰ ਦੇ ਵਿਧਾਇਕ ਬਲਕਾਰ ਸਿੰਘ ਨੇ ਅੱਜ ਜਲੰਧਰ ਦੇ ਪਿੰਡ ਬਰਸਰਾਮਪੁਰ ਵਿਖੇ, ਪ੍ਰਵਾਸੀ ਪੰਜਾਬੀਆਂ ਦੇ ਸਹਿਯੋਗ ਨਾਲ ਇੱਕ ਕਰੋੜ ਦੀ ਲਾਗਤ ਵਾਲੇ ਸੀਵਰੇਜ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਤੋਂ ਪਹਿਲਾਂ, ਗੁਰਦੁਆਰਾ ਸਾਹਿਬ ਵਿਖੇ ਸੁਖਮਨੀ ਸਾਹਿਬ ਦੇ ਪਾਠ ਦਾ ਭੋਗ ਪਾਇਆ ਗਿਆ ਤੇ ਅਰਦਾਸ ਉਪਰੰਤ ਸੀਰਵੇਜ ਪਾਉਣ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਮੌਕੇ ਸੰਤ ਸੀਚੇਵਾਲ ਨੇ, ਜੇ.ਸੀ.ਬੀ ਮਸ਼ੀਨ ਆਪ ਚਲਾ ਕੇ ਸੀਵਰੇਜ਼ ਪਾਉਣ ਲਈ ਟੱਕ ਲਾਇਆ। ਇੱਕਠ ਨੂੰ ਸੰਬੋਧਨ ਕਰਦਿਆਂ, ਓਹਨਾ ਨੇ ਕਿਹਾ ਕਿ ਪ੍ਰਵਾਸੀ ਪੰਜਾਬੀਆਂ ਵਲੋਂ ਸੀਵਰੇਜ ਪਾਉਣ ਸਬੰਧੀ ਕੀਤੀ ਜਾ ਰਹੀ ਪਹਿਲਕਦਮੀ ਸ਼ਲਾਘਾਯੋਗ ਏ।

--------------------------------------------------------

ਰਾਸ਼ਟਰੀ ਅੰਕੜਾ ਦਫ਼ਤਰ, ਜਲੰਧਰ ਵੱਲੋਂ ਕਪੂਰਥਲਾ ਰੋਡ 'ਤੇ ਸਥਿਤ ਪੰਜਾਬ ਟੈਕਨੀਕਲ ਯੂਨੀਵਰਸਿਟੀ ਵਿਖੇ ਸੈਮੀਨਾਰ ਅਤੇ ਲੇਖ ਮੁਕਾਬਲਾ ਕਰਾਇਆ ਗਿਆ। ਇਸ ਮੁਕਾਬਲੇ ਵਿੱਚ ਵੱਖ-ਵੱਖ ਕਾਲਜਾਂ/ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਅੰਸ਼ੂਲ

ਸਿੰਘ ਨੇ ਪਹਿਲਾ, ਅਲਿਸ਼ਾ ਨੇ ਦੂਜਾ ਅਤੇ ਅਨਵੀ ਤਿਆਗੀ ਨੇ ਤੀਜਾ ਇਨਾਮ ਜਿੱਤਿਆ। ਸਮਾਰੋਹ ਦਾ ਉਦਘਾਟਨ, ਰਾਸ਼ਟਰੀ ਅੰਕੜਾ ਦਫ਼ਤਰ (ਖੇਤਰੀ ਸੰਚਾਲਨ ਵਿਭਾਗ) ਜਲੰਧਰ ਦੇ ਸੰਯੁਕਤ ਨਿਦੇਸ਼ਕ ਅਤੇ ਖੇਤਰੀ ਮੁਖੀ, ਪੱਲਵੀ ਅਗਰਵਾਲ ਸ੍ਰੀਵਾਸਤਵ ਵੱਲੋਂ ਕੀਤਾ ਗਿਆ।

----------------------------------------------------------------

ਪੰਜਾਬ ਦੇ ਸੁਤੰਤਰਤਾ ਸੈਨਾਨੀ, ਬਾਗਬਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਬਾਰੇ ਮੰਤਰੀ ਮੋਹਿੰਦਰ ਭਗਤ ਨੇ ਅੱਜ ਸਾਈਦਾਸ ਸਕੂਲ, ਜਲੰਧਰ ਵਿਖੇ 69 ਵੀਆਂ ਪੰਜਾਬ ਸਕੂਲ ਖੇਡਾਂ ਦੇ ਸ਼ਤਰੰਜ ਅਤੇ ਕੁਰਾਸ਼ ਦੇ ਰਾਜ ਪੱਧਰੀ ਮੁਕਾਬਲਿਆਂ ਦੀ ਸ਼ੁਰੂਆਤ ਕੀਤੀ। ਜਲੰਧਰ ਵਿੱਚ 14 ਸਾਲ ਤੋਂ ਘੱਟ ਉਮਰ ਦੇ ਮੁੰਡਿਆਂ ਤੇ ਕੁੜੀਆਂ ਦੇ ਸ਼ਤਰੰਜ ਦੇ ਅਤੇ ਕੁਰਾਸ਼ ਦੇ ਅੰਡਰ-14,17,ਅਤੇ 19 ਸਾਲ ਤੋਂ ਘੱਟ ਉਮਰ ਦੇ ਮੁੰਡਿਆਂ ਦੇ ਮੁਕਾਬਲੇ ਕਰਵਾਏ ਜਾ ਰਹੇ ਨੇ. ਇਸ ਮੌਕੇ ਕੈਬਨਿਟ ਮੰਤਰੀ ਨੇ ਖਿਡਾਰੀਆਂ ਦੀ ਹੌਸਲਾ ਅਫ਼ਜਾਈ ਕਰਦਿਆਂ ਉਹਨਾਂ ਨੂੰ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜਿੱਥੇ, ਕੁਰਾਸ਼ ਦੀ ਖੇਡ ਲਈ ਸਰੀਰਕ ਮਜ਼ਬੂਤੀ ਜ਼ਰੂਰੀ ਏ, ਉੱਥੇ ਹੀ ਸ਼ਤਰੰਜ ਦੀ ਖੇਡ ਵਿੱਚ ਦਿਮਾਗੀ ਤੌਰ 'ਤੇ ਵਿਕਸਿਤ ਹੋਣਾ ਜ਼ਰੂਰੀ ਏ। ਉਨ੍ਹਾਂ ਦੱਸਿਆ ਕਿ ਸੂਬੇ ਦੇ ਖਿਡਾਰੀਆਂ ਨੂੰ ਖੇਡਾਂ ਲਈ ਸਾਜ਼ਗਾਰ ਮਾਹੌਲ ਮੁਹੱਈਆ ਕਰਵਾਉਣ ਦੇ ਮਕਸਦ ਤਹਿਤ ਸੂਬਾ ਸਰਕਾਰ ਵੱਲੋਂ 3000 ਖੇਡ

ਮੈਦਾਨ ਬਣਾਏ ਜਾ ਰਹੇ ਨੇ. ਉਨ੍ਹਾਂ ਕਿਹਾ ਕਿ ਰਾਸ਼ਟਰੀ ਅਤੇ ਅੰਤਰ ਰਾਸ਼ਟਰੀ ਪੱਧਰ ਉਤੇ ਸੂਬੇ ਅਤੇ ਦੇਸ਼ ਦਾ ਨਾਂ ਚਮਕਾਉਣ ਵਾਲੇ ਖਿਡਾਰੀਆਂ ਨੂੰ ਸਰਕਾਰੀ ਨੌਕਰੀਆਂ ਦੇ ਨਾਲ-ਨਾਲ ਇਨਾਮੀ ਰਕਮ ਦੇ ਕੇ ਸਨਮਾਨਿਤ ਕੀਤਾ ਜਾ ਰਿਹਾ ਏ । ਖੇਡਾਂ ਅਤੇ ਸਿੱਖਿਆ ਦੇ ਖੇਤਰ ਵਿੱਚ ਇਨਕਲਾਬੀ ਤਬਦੀਲੀਆਂ ਲਿਆ ਕੇ ਸੂਬੇ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕੈਬਟਿਨ ਮੰਤਰੀ ਨੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਉਹਨਾਂ ਦੇ ਸਰਬਪੱਖੀ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਆਪਣੇ ਸੰਬੋਧਨ ਵਿੱਚ ਸ੍ਰੀਮਤੀ ਪੱਲਵੀ ਨੇ ਰਾਸ਼ਟਰ ਨਿਰਮਾਣ ਵਿੱਚ, ਰਾਸ਼ਟਰੀ ਅੰਕੜਾ ਦਫ਼ਤਰ ਦੇ ਮਹੱਤਵ ਅਤੇ ਯੋਗਦਾਨ 'ਤੇ ਚਾਨਣਾ ਪਾਇਆ।

---

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦੁਹਰਾਇਆ ਏ ਕਿ ਸਰਕਾਰ ਨੇ ਭ੍ਰਿਸ਼ਟਾਚਾਰ, ਅਪਰਾਧ ਅਤੇ ਦਹਿਸ਼ਤਗਰਦੀ ਨੂੰ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਅਪਣਾਈ ਏ ।

- ਉੱਘੇ ਸਨਅਤਕਾਰ, ਰਾਜਿੰਦਰ ਗੁਪਤਾ ਨੂੰ ਪੰਜਾਬ ਤੋਂ ਰਾਜ ਸਭਾ ਲਈ ਬਿਨਾਂ ਮੁਕਾਬਲਾ ਚੁਣ ਲਿਆ ਗਿਆ ਏ.

- CBI ਨੇ ਕਥਿਤ ਭ੍ਰਿਸ਼ਟਾਚਾਰ ਮਾਮਲੇ ਵਿੱਚ ਪੰਜਾਬ ਪੁਲਿਸ ਦੇ ਰੋਪੜ ਰੇਂਜ ਦੇ DIG ਹਰਚਰਨ ਸਿੰਘ ਭੁੱਲਰ ਨੂੰ ਮੋਹਾਲੀ ਤੋਂ ਗ੍ਰਿਫ਼ਤਾਰ ਕਰ ਲਿਆ ਏ।

- ਅੱਜ ਵਿਸ਼ਵ ਖੁਰਾਕ ਦਿਵਸ ਮਨਾਇਆ ਜਾ ਰਿਹਾ ਏ.

ਪੰਜਾਬ ਦੇ ਮੰਤਰੀ ਮੋਹਿੰਦਰ ਭਗਤ ਨੇ ਅੱਜ 69 ਵੀਆਂ ਪੰਜਾਬ ਸਕੂਲ ਖੇਡਾਂ ਦੇ ਸ਼ਤਰੰਜ ਅਤੇ ਕੁਰਾਸ਼ ਦੇ ਰਾਜ ਪੱਧਰੀ ਮੁਕਾਬਲਿਆਂ ਦੀ ਸ਼ੁਰੂਆਤ ਕੀਤੀ।

---

**ਇਸਦੇ ਨਾਲ ਹੀ ਪ੍ਰਾਦੇਸ਼ਿਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**